**ਜ.ਸ./ਹ.ਸ.ਟ/8.11.2021/10.00**

## PUNJAB VIDHAN SABHA

*Monday, the 8th November, 2021*

*The Vidhan Sabha met during its Sixteenth (Special) Session, 2021 in the Punjab Vidhan Sabha Hall, Vidhan Bhavan, Sector-1, Chandigarh at 10.00 A.M. Mr. Speaker (Rana Kanwar Pal Singh) in the Chair.*

------

## OBITUARY REFERENCES

**ਮਾਨਯੋਗ ਸਪੀਕਰ :** ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿਛੜ ਗਈਆਂ ਹਨ। ਅੱਜ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ। ਆਪਣੇ ਜੀਵਨ ਨੂੰ ਕੌਮ ਦੇ ਲੇਖੇ ਲਗਾ ਕੇ, ਸਮਾਜ ਅਤੇ ਦੇਸ਼ ਦੀ ਸੇਵਾ ਵਿੱਚ ਵਡਮੁੱਲਾ ਯੋਗਦਾਨ ਪਾਉਂਦਿਆਂ ਹੋਇਆਂ ਜੋ ਉੱਘੀਆਂ ਸ਼ਖਸੀਅਤਾਂ ਸਾਨੂੰ ਸਦੀਵੀ ਵਿਛੋੜਾ ਦੇ ਗਈਆਂ ਹਨ, ਆਓ, ਉਨ੍ਹਾਂ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਆਪਣੀ ਸ਼ਰਧਾਂਜਲੀ ਭੇਂਟ ਕਰੀਏ।

ਸਰਦਾਰ ਸੇਵਾ ਸਿੰਘ ਸੇਖਵਾਂ, ਸਾਬਕਾ ਮੰਤਰੀ ਸਾਨੂੰ ਮਿਤੀ 6 ਅਕਤੂਬਰ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 10 ਅਪ੍ਰੈਲ, 1950 ਨੂੰ ਪਿੰਡ ਸੇਖਵਾਂ, ਜ਼ਿਲ੍ਹਾ ਗੁਰਦਾਸਪੁਰ ਵਿਖੇ ਹੋਇਆ। ਉਹ ਸਾਲ 1997 ਅਤੇ 2009 ਵਿੱਚ ਵਿਧਾਨ ਸਭਾ ਹਲਕਾ ਕਾਹਨੂੰਵਾਨ ਤੋਂ ਐਮ.ਐਲ.ਏ.ਚੁਣੇ ਗਏ। ਉਹ ਸੂਚਨਾ ਅਤੇ ਲੋਕ ਸੰਪਰਕ, ਪ੍ਰਵਾਸੀ ਭਾਰਤੀ ਮਾਮਲੇ ਅਤੇ ਸ਼ਿਕਾਇਤ ਨਿਵਾਰਣ ਵਿਭਾਗਾਂ ਦੇ ਮੰਤਰੀ ਰਹੇ। ਉਨ੍ਹਾਂ ਨੇ ਲੋਕ ਸੰਪਰਕ ਅਤੇ ਮਾਲ ਵਿਭਾਗ ਦੇ ਰਾਜ ਮੰਤਰੀ ਵਜੋਂ ਵੀ ਸੇਵਾ ਨਿਭਾਈ। ਉਨ੍ਹਾਂ ਨੇ ਪੰਜਾਬ ਵਿਧਾਨ ਸਭਾ ਦੀ ਅਨੁਮਾਨ ਕਮੇਟੀ ਦੇ ਚੇਅਰਮੈਨ ਵਜੋਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ।

ਇਨ੍ਹਾਂ ਤੋਂ ਇਲਾਵਾ ਸਰਦਾਰ ਰਵਿੰਦਰ ਸਿੰਘ ਸੰਧੂ, ਸਾਬਕਾ ਸੰਸਦੀ ਸਕੱਤਰ ਵੀ ਸਾਨੂੰ ਮਿਤੀ 29 ਅਕਤੂਬਰ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 3 ਜੂਨ, 1956 ਨੂੰ ਨਾਭਾ, ਜ਼ਿਲ੍ਹਾ ਪਟਿਆਲਾ ਵਿਖੇ ਹੋਇਆ। ਉਹ ਸਾਲ 1992 ਅਤੇ 2002 ਵਿੱਚ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਕੈਂਟ ਤੋਂ ਐਮ.ਐਲ.ਏ. ਚੁਣੇ ਗਏ। ਉਹ ਪ੍ਰਵਾਸੀ ਭਾਰਤੀ ਮਾਮਲੇ ਵਿਭਾਗ ਦੇ ਸੰਸਦੀ ਸਕੱਤਰ ਰਹੇ। ਉਨ੍ਹਾਂ ਨੇ ਪੰਜਾਬ

ਵਿਧਾਨ ਸਭਾ ਦੀ ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰਾਂ ਸਬੰਧੀ ਕਮੇਟੀ ਦੇ ਚੇਅਰਮੈਨ ਵਜੋਂ ਅਤੇ ਵੱਖ ਵੱਖ ਕਮੇਟੀਆਂ ਦੇ ਮੈਂਬਰ ਵਜੋਂ ਵੀ ਸੇਵਾ ਨਿਭਾਈ। ਉਹ ਜ਼ਿਲ੍ਹਾ ਯੂਥ ਕਾਂਗਰਸ ਫਿਰੋਜ਼ਪੁਰ ਦੇ ਪ੍ਰਧਾਨ ਵੀ ਰਹੇ।

ਇਨ੍ਹਾਂ ਤੋਂ ਇਲਾਵਾ ਸ਼ਹੀਦ ਜਸਵਿੰਦਰ ਸਿੰਘ, ਨਾਇਬ ਸੂਬੇਦਾਰ ਵੀ ਸਾਨੂੰ ਮਿਤੀ 11 ਅਕਤੂਬਰ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 13 ਜਨਵਰੀ, 1982 ਨੂੰ ਪਿੰਡ ਮਾਨਾ ਤਲਵੰਡੀ, ਜ਼ਿਲ੍ਹਾ ਕਪੂਰਥਲਾ ਵਿਖੇ ਹੋਇਆ। ਉਹ ਜੰਮੂ ਕਸ਼ਮੀਰ ਵਿਖੇ ਅੱਤਵਾਦੀ ਹਮਲੇ ਵਿਚ ਸ਼ਹੀਦ ਹੋ ਗਏ, ਜਿਨ੍ਹਾਂ ਨੂੰ "ਸੈਨਾ ਮੈਡਲ" ਨਾਲ ਸਨਮਾਨਿਤ ਕੀਤਾ ਗਿਆ।

ਇਨ੍ਹਾਂ ਦੇ ਨਾਲ ਹੀ ਸ਼ਹੀਦ ਮਨਜੀਤ ਸਿੰਘ, ਸਿਪਾਹੀ ਵੀ ਸਾਨੂੰ ਮਿਤੀ 30 ਅਕਤੂਬਰ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 28 ਜੂਨ, 1995 ਨੂੰ ਪਿੰਡਾ ਖੇੜਾ ਕੋਟਲੀ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਇਆ। ਉਹ ਰਾਜੌਰੀ, ਜੰਮੂ ਕਸ਼ਮੀਰ ਵਿਖੇ ਮਾਈਨ ਬਲਾਸਟ ਵਿੱਚ ਸ਼ਹੀਦ ਹੋ ਗਏ ਸਨ।

ਇਨ੍ਹਾਂ ਤੋਂ ਇਲਾਵਾ ਜ਼ਿਲ੍ਹਾ ਰੂਪਨਗਰ ਦੇ ਨੂਰਪੁਰ ਬੇਦੀ ਖੇਤਰ ਦੇ ਪਿੰਡ ਪਚਰੰਡਾ ਨਾਲ ਸਬੰਧਤ ਭਾਰਤੀ ਫੌਜ ਦੇ ਸਿਪਾਹੀ ਗੱਜਣ ਸਿੰਘ ਵੀ ਜੰਮੂ ਕਸ਼ਮੀਰ ਦੇ Surankote ਪੁਣਛ ਸੈਕਟਰ ਵਿੱਚ ਦੇਸ਼ ਵਿਰੋਧੀ ਤਾਕਤਾਂ ਨਾਲ ਲੜਦੇ ਹੋਏ ਮਿਤੀ 11 ਅਕਤੂਬਰ, 2021 ਨੂੰ ਸ਼ਹੀਦ ਹੋ ਗਏ।

ਇਨ੍ਹਾਂ ਤੋਂ ਇਲਾਵਾ ਸ਼੍ਰੀ ਬਲਵਿੰਦਰ ਸਿੰਘ ਨਕਈ, ਚੇਅਰਮੈਨ ਇਫਕੋ ਵੀ ਸਾਨੂੰ ਮਿਤੀ 11 ਅਕਤੂਬਰ, 2021 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 5 ਦਸੰਬਰ, 1934 ਨੂੰ ਹੋਇਆ। ਉਹ ਇੰਡੀਅਨ ਫਾਰਮਰ ਫਰਟੀਲਾਈਜ਼ਰ ਕੋਆਪਰੇਟਿਵ ਲਿਮਟਿਡ ਦੇ ਚੇਅਰਮੈਨ ਸਨ, ਉਹ ਬਠਿੰਡਾ ਜ਼ਿਲ੍ਹਾ ਦੇ ਰਾਮਪੁਰਾ ਫੂਲ ਦੇ ਬਲਾਕ ਸੰਮਤੀ ਦੇ ਚੇਅਰਮੈਨ ਵੀ ਰਹੇ। ਉਹ ਪਿਛਲੇ ਚਾਰ ਦਹਾਕਿਆਂ ਤੋਂ ਸਹਿਕਾਰਤਾ ਲਹਿਰ ਨਾਲ ਜੁੜੇ ਹੋਏ ਸਨ ।

ਸ਼੍ਰੀ ਨਿਰੰਜਣ ਸਿੰਘ, ਸ਼੍ਰੀ ਅਵਿਨਾਸ਼ ਚੰਦਰ ਅਤੇ ਸ਼੍ਰੀ ਅਰਜੁਨ ਸਿੰਘ, ਸਾਰੇ ਸੁਤੰਤਰਤਾ ਸੰਗਰਾਮੀ ਵੀ ਸਾਨੂੰ ਸਭਨਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ ਜਿਨ੍ਹਾਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਅਜ਼ਾਦ ਕਰਵਾਉਣ ਵਿੱਚ ਆਪਣਾ ਆਪਣਾ ਵੱਡਮੁੱਲਾ ਯੋਗਦਾਨ ਪਾਇਆ । ਅੱਜ ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਬ.ਕ./ਹ.ਸ./8.11.21/10.05

**ਸ਼੍ਰੀਮਤੀ ਸਰਵਜੀਤ ਕੌਰ ਮਾਣੂਕੇ :** ਸਪੀਕਰ ਸਾਹਿਬ, ਖੀਵਾ ਦਿਆਲਪੁਰ ਦੀਆਂ ਤਿੰਨ ਔਰਤਾਂ ਦਿੱਲੀ ਸੰਘਰਸ਼ ਵਿੱਚ ਸ਼ਹੀਦ ਹੋਈਆਂ ਸਨ। ਜੇਕਰ ਤੁਹਾਡੀ ਇਜ਼ਾਜਤ ਹੋਵੇ ਤਾਂ ਇਹ ਐਡ ਕਰ ਲਈਆਂ ਜਾਣ।

**ਮਾਨਯੋਗ ਸਪੀਕਰ** : ਪਹਿਲਾਂ ਇਹ ਪੜ੍ਹ ਲਈਏ।

ਇਨ੍ਹਾਂ ਤੋਂ ਇਲਾਵਾ ਦਿੱਲੀ ਵਿਧਾਨ ਸਭਾ ਦੇ ਸਾਬਕਾ ਮੈਂਬਰ ਅਤੇ ਪੰਜਾਬ ਦੇ ਉੱਘੇ ਨੇਤਾ ਸਰਦਾਰ ਬੂਟਾ ਸਿੰਘ ਦੇ ਸਪੁੱਤਰ ਸਰਦਾਰ ਹਰਵਿੰਦਰ ਸਿੰਘ ਲਵਲੀ ਵੀ ਸਾਨੂੰ ਪਿਛਲੇ ਦਿਨੀਂ ਵਿਛੋੜਾ ਦੇ ਗਏ ਹਨ। ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਉਨ੍ਹਾਂ ਨੂੰ ਵੀ ਸ਼ਰਧਾਂਜਲੀ ਭੇਂਟ ਕਰ ਦਿੱਤੀ ਜਾਵੇ।

**ਸਰਦਾਰ ਹਰਪਾਲ ਸਿੰਘ ਚੀਮਾ :** ਸਪੀਕਰ ਸਾਹਿਬ, ਪਿਛਲੇ ਵਿਧਾਨ ਸਭਾ ਸੈਸ਼ਨ ਤੋਂ ਲੈ ਕੇ ਅੱਜ ਤੱਕ ਦੇ ਵਿਧਾਨ ਸਭਾ ਸੈਸ਼ਨ ਤੱਕ 63 ਪੰਜਾਬ ਦੇ ਕਿਸਾਨ, ਪੰਜਾਬ ਦੇ ਖੇਤ ਮਜ਼ਦੂਰ ਆਤਮ ਹੱਤਿਆ ਕਰ ਚੁੱਕੇ ਹਨ। ਸਰਕਾਰ ਦਾ ਵੀ ਵਾਅਦਾ ਸੀ ਕਿ ਅਸੀਂ ਕਰਜ਼ਾ ਮਾਫੀ ਕਰਨੀ ਹੈ। ਸੋ, ਸਾਡੀ ਮੰਗ ਹੈ ਕਿ ਉਨ੍ਹਾਂ ਨੂੰ ਵੀ ਸ਼ਰਧਾਂਜਲੀ ਭੇਂਟ ਕੀਤੀ ਜਾਵੇ।

**ਸਕੂਲ ਸਿੱਖਿਆ ਮੰਤਰੀ (ਸਰਦਾਰ ਪਰਗਟ ਸਿੰਘ) :** ਸਪੀਕਰ ਸਾਹਿਬ, ਯੂ.ਪੀ. ਵਿੱਚ ਚਾਰ ਕਿਸਾਨ ਅਤੇ ਇੱਕ ਪੱਤਰਕਾਰ ਦੀ ਸ਼ਹਾਦਤ ਹੋਈ ਸੀ, ਉਨ੍ਹਾਂ ਨੂੰ ਵੀ ਐਡ ਕਰ ਲਿਆ ਜਾਵੇ।

**ਮਾਨਯੋਗ ਸਪੀਕਰ** : ਸ਼ਾਮਲ ਕਰ ਲਏ ਜਾਣ ਜੀ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸ਼ਖਸੀਅਤਾਂ ਦੇ ਪਦਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ। ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਇਨ੍ਹਾਂ ਸ਼ਖਸੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾ ਵਿੱਚ ਰੱਖਣ ਅਤੇ ਭਾਣਾ ਮੰਨਣ ਦਾ ਬਲ ਬਖਸ਼ਣ।

ਜੇਕਰ, ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਸ਼ਖਸੀਅਤਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣ ?

(**ਅਵਾਜ਼ਾਂ:** ਹਾਂ ਜੀ, ਹਾਂ ਜੀ।)

**ਮਾਨਯੋਗ ਸਪੀਕਰ :** ਹੁਣ, ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਮੂਹ ਸਦਨ ਨੇ ਵਿਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਖੜ੍ਹੇ ਹੋ ਕੇ ਦੋ ਮਿੰਟ ਲਈ ਮੋਨ ਧਾਰਨ ਕੀਤਾ।)

**ਮਾਨਯੋਗ ਸਪੀਕਰ :** ਧੰਨਵਾਦ। ਸਦਨ ਵੀਰਵਾਰ, ਮਿਤੀ 11 ਨਵੰਬਰ, 2021 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੁੰਦਾ ਹੈ।

*10.09 ਵਜੇ ਪੂਰਵ ਦੁਪਹਿਰ)

(*ਇਸ ਸਮੇਂ ਸਦਨ ਵੀਰਵਾਰ, ਮਿਤੀ 11 ਨਵੰਬਰ, 2021 ਦੇ 11.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।)